# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

## 18:20

**ਮਿਤੀ :03-09-2026**

- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਵਲੋਂ ਅੱਜ ਨਗਰ ਨਿਗਮ ਚੰਡੀਗੜ੍ਹ ਦੀ "ਸਵੱਛ ਵਾਰਡ ਰੈਂਕਿੰਗ 2026" ਪਹਿਲਕਦਮੀ ਦੀ ਸ਼ੁਰੂਆਤ।
- ਸੂਬੇ ਦੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦਾ ਕਹਿਣਾ ਏ ਕਿ ਬਾਲ ਵਿਆਹ ਨੂੰ ਰੋਕਣਾ ਕੇਵਲ ਸਰਕਾਰ ਦੀ ਹੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਏ । ਕਿਹਾ, ਬੱਚਿਆਂ ਦੇ ਅਧਿਕਾਰਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ.
- ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦਾ ਕਹਿਣਾ ਏ ਕਿ ਪੰਜਾਬ ਸਿਆਸੀ ਕਾਰਨਾਂ ਕਰਕੇ ਪਛੜ ਗਿਆ ਏ ਤੇ ਆਉਣ ਵਾਲੇ ਸਮੇਂ ‘ਚ ਪੰਜਾਬ ‘ਨੂੰ ਵੀ ਭਾਜਪਾ ਸਰਕਾਰ ਤਹਿਤ ਮਜ਼ਬੂਤ ਬਣਾਇਆ ਜਾਏਗਾ.

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ ਵਿਅਕਤੀਆਂ ਨੂੰ ਹਥਿਆਰ ਤੇ ਗੋਲੀ ਸਿੱਕੇ ਸਮੇਤ ਗ੍ਰਿਫ਼ਤਾਰ ਕਰਕੇ ਇੱਕ ਗੈਰ-ਕਾਨੂੰਨੀ ਹਥਿਆਰ ਸਪਲਾਈ ਨੈੱਟਵਰਕ ਦਾ ਪਰਦਾਫਾਸ਼ ਕੀਤਾ.
- ਔਰਤਾਂ ਦੇ ਕ੍ਰਿਕੇਟ ਵਿੱਚ, ਅੱਜ ਭਾਰਤ ਦਾ ਮੁਕਾਬਲਾ twenty-twenty ਏਸ਼ੀਆ ਕੱਪ ਦੇ ਆਪਣੇ ਦੂਜੇ ਗਰੁੱਪ-'ਏ' ਮੈਚ ਵਿੱਚ, ਹਾਂਗਕਾਂਗ ਨਾਲ ਹੋਵੇਗਾ।

-----------------------------------------------

ਸੂਬੇ ਵਿੱਚੋਂ ਬਾਲ ਵਿਆਹ ਵਰਗੀ ਸਮਾਜਿਕ ਕੁਰੀਤੀ ਦਾ ਪੂਰਨ ਖਾਤਮਾ ਕਰਨ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਸਮੇਂ ਸਿਰ ਕੀਤੀ ਗਈ ਪ੍ਰਭਾਵਸ਼ਾਲੀ ਕਾਰਵਾਈ ਸਦਕਾ ਸੂਬੇ ਵਿੱਚ 5 ਬਾਲ ਵਿਆਹਾਂ ਨੂੰ ਸਫਲਤਾ ਨਾਲ ਰੋਕਿਆ ਗਿਆ ਏ । ਇਸ ਬਾਰੇ ਜਾਣਕਾਰੀ ਦਿੰਦਿਆਂ ਸੂਬੇ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਬਾਲ ਵਿਆਹ ਨੂੰ ਰੋਕਣਾ ਕੇਵਲ ਸਰਕਾਰ ਦੀ ਹੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਏ । ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਆਪਣੇ ਆਲੇ-ਦੁਆਲੇ ਕਿਤੇ ਵੀ ਬਾਲ ਵਿਆਹ ਹੋਣ ਦੀ ਜਾਣਕਾਰੀ ਮਿਲਦੀ ਏ ਤਾਂ ਉਹ ਤੁਰੰਤ ਚਾਈਲਡ ਹੈਲਪਲਾਈਨ 1098 'ਤੇ ਸੂਚਨਾ ਦੇਣ ਜਾਂ ਆਪਣੇ ਨੇੜਲੇ ਬਾਲ ਵਿਆਹ

ਰੋਕਥਾਮ ਅਫਸਰ ਨਾਲ ਸੰਪਰਕ ਕਰਨ, ਤਾਂ ਜੋ ਸਮੇਂ ਸਿਰ ਦਖ਼ਲ ਦੇ ਕੇ ਕਿਸੇ ਬੱਚੇ ਦਾ ਭਵਿੱਖ ਸੁਰੱਖਿਅਤ ਕੀਤਾ ਜਾ ਸਕੇ। ਓਹਨਾਂ ਇਹ ਵੀ ਦੱਸਿਆ ਕਿ ਬਾਲ ਵਿਆਹਾਂ ਦੀ ਰੋਕਥਾਮ ਲਈ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਲਗਾਤਾਰ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਰਹੀਆਂ ਨੇ. ਉਨ੍ਹਾਂ ਕਿਹਾ ਕਿ ਬੱਚਿਆਂ ਦੇ ਅਧਿਕਾਰਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਬਾਲ ਵਿਆਹ ਵਰਗੀ ਗੈਰ-ਕਾਨੂੰਨੀ ਪ੍ਰਥਾ ਨੂੰ ਕਿਸੇ ਵੀ ਕੀਮਤ 'ਤੇ ਪਨਪਣ ਨਹੀਂ ਦਿੱਤਾ ਜਾਵੇਗਾ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬੱਚਿਆਂ ਨਾਲ ਸੰਬੰਧਿਤ ਹਰ ਮਾਮਲੇ ਵਿੱਚ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ 'ਤੇ ਅਮਲ ਕਰ ਰਹੀ ਏ ।

-----------------------------------------

ਉਪ-ਰਾਸ਼ਟਰਪਤੀ ਅਤੇ ਪੰਜਾਬ ਯੂਨੀਵਰਸਿਟੀ ਦੇ EX OFICIO ਚਾਂਸਲਰ, ਸੀ. ਪੀ. ਰਾਧਾਕ੍ਰਿਸ਼ਨਨ, ਕੱਲ੍ਹ ਚੰਡੀਗੜ੍ਹ ਯੂਨੀਵਰਸਿਟੀ ਦਾ ਦੌਰਾ ਕਰਨਗੇ। ਆਪਣੀ ਯਾਤਰਾ ਦੌਰਾਨ, ਉਪ-ਪ੍ਰਧਾਨ (ਸੋਫਿਸਟੀਕੇਟਿਡ ਐਨਾਲਿਟੀਕਲ ਇੰਸਟਰੂਮੈਂਟ ਫੈਸਿਲਿਟੀ/ਸੈਂਟਰਲ ਇੰਸਟਰੂਮੈਂਟੇਸ਼ਨ ਲੈਬਾਰਟਰੀਜ਼) SAIF/CIL ਵਿਖੇ ਐਡਵਾਂਸਡ ਇੰਸਟਰੂ-ਮੈਂਟੇਸ਼ਨ ਫੈਸਿਲਿਟੀ ਦਾ ਉਦਘਾਟਨ ਕਰਨਗੇ।

ਉਪ-ਰਾਸ਼ਟਰਪਤੀ ਪੰਜਾਬ ਯੂਨੀਵਰਸਿਟੀ ਟੈਕ ਇਨੋਵੇਸ਼ਨ ਫੋਰਮ ਦਾ ਵੀ ਉਦਘਾਟਨ ਕਰਨਗੇ, ਜੋ ਯੂਨੀਵਰਸਿਟੀ ਦੇ ਖੋਜ, ਕਾਢ ਅਤੇ ਸਟਾਰਟਅੱਪ ਈਕੋਸਿਸਟਮ ਨੂੰ ਮਜ਼ਬੂਤ ਕਰਨ ਵਿੱਚ ਇੱਕ ਵੱਡਾ ਕਦਮ ਏ । ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਮੀਨਾਕ੍ਸ਼ੀ ਗੋਯਲ ਨੇ ਉਪ – ਰਾਸ਼ਟਰਪਤੀ ਦੇ ਦੌਰੇ ਦੇ ਮੱਦੇਨਜ਼ਰ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅੱਜ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ.

---------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਨਗਰ ਨਿਗਮ ਚੰਡੀਗੜ੍ਹ ਦੀ "ਸਵੱਛ ਵਾਰਡ ਰੈਂਕਿੰਗ 2026" ਪਹਿਲਕਦਮੀ ਦੀ ਸ਼ੁਰੂਆਤ ਕੀਤੀ । ਉਨ੍ਹਾਂ ਨੇ ਸਫਾਈ ਨੂੰ ਇੱਕ ਨਿਰੰਤਰ ਲੋਕ ਲਹਿਰ ਬਣਾਉਣ ਲਈ ਨਾਗਰਿਕਾਂ, ਚੁਣੇ ਹੋਏ ਪ੍ਰਤੀਨਿਧੀਆਂ, ਅਧਿਕਾਰੀਆਂ, ਸਫਾਈ ਕਰਮਚਾਰੀਆਂ, ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ, ਮਾਰਕੀਟ ਐਸੋਸੀਏਸ਼ਨਾਂ, ਵਿਦਿਅਕ ਸੰਸਥਾਵਾਂ ਅਤੇ ਹੋਰ ਹਿੱਸੇਦਾਰਾਂ ਨੂੰ ਸਮੂਹਿਕ ਯਤਨਾਂ ਦਾ ਸੱਦਾ ਦਿੱਤਾ। ਉਨ੍ਹਾਂ ਨਗਰ ਨਿਗਮ ਚੰਡੀਗੜ੍ਹ ਨੂੰ ਨਿਰਦੇਸ਼ ਦਿੱਤੇ ਕਿ ਜੇਕਰ ਹਰ ਮਹੀਨੇ ਸਵੱਛ ਵਾਰਡ ਰੈਂਕਿੰਗ ਕਰਵਾਉਣ ਸੰਭਵ ਨਹੀਂ ਏ ਤਾਂ ਸਾਲ ਵਿੱਚ

ਦੋ ਵਾਰ ਕਰਾਉਣ ਲਈ ਸੰਭਾਵਨਾਵਾਂ ਦੀ ਪੜਚੋਲ ਕੀਤੀ ਜਾਵੇ ਤਾਂ ਜੋ ਇਸਨੂੰ ਕਰਵਾਇਆ ਜਾ ਸਕੇ। ਰਾਜਪਾਲ ਨੇ ਕੌਂਸਲਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰ ਵਿੱਚ ਮੁਹਿੰਮ ਦੇ "ਮੁੱਖ ਫੈਸਿਲੀਟੇਟਰ" ਵਜੋਂ ਕੰਮ ਕਰਨ। ਉਨ੍ਹਾਂ ਸਕੂਲਾਂ ਅਤੇ ਕਾਲਜਾਂ ਨੂੰ ਵਿਦਿਆਰਥੀਆਂ ਨੂੰ "ਸਵੱਛਤਾ ਦੂਤ" ਬਣਾਉਣ ਦਾ ਸੱਦਾ ਵੀ ਦਿੱਤਾ ਜੋ ਰਹਿੰਦ-ਖੂੰਹਦ ਦੇ ਜ਼ਿੰਮੇਵਾਰ ਪ੍ਰਬੰਧਨ ਦਾ ਸੁਨੇਹਾ ਆਪਣੇ ਘਰਾਂ ਅਤੇ ਭਾਈਚਾਰਿਆਂ ਤੱਕ ਪਹੁੰਚਾ ਸਕਦੇ ਨੇ. ਸਫਾਈ ਕਰਮਚਾਰੀਆਂ ਦੀ ਭੂਮਿਕਾ ਦੀ ਸ਼ਲਾਘਾ ਕਰਦੇ ਹੋਏ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦੀ ਗਰਿਮਾ, ਸੁਰੱਖਿਆ, ਸਿਖਲਾਈ, ਸੁਰੱਖਿਆ ਉਪਕਰਣ ਅਤੇ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਣਾ ਚਾਹੀਦਾ ਏ, ਜਦੋਂ ਕਿ ਨੁਕਸਾਨਦੇਹ ਸਫਾਈ ਕਾਰਜਾਂ ਲਈ ਮਸ਼ੀਨੀਕਰਨ ਅਤੇ ਆਧੁਨਿਕ ਤਕਨਾਲੋਜੀ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਏ। ਰਾਜਪਾਲ ਨੇ ਸਭ ਤੋਂ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਵਾਰਡਾਂ ਲਈ ਤਜਵੀਜ਼ਸ਼ੁਦਾ ਪ੍ਰੋਤਸਾਹਨ ਵਿਧੀ ਦੀ ਵੀ ਸ਼ਲਾਘਾ ਕੀਤੀ, ਜਿਸ ਤਹਿਤ ਪਹਿਲੇ, ਦੂਜੇ ਅਤੇ ਤੀਜੇ ਦਰਜੇ ਦੇ ਵਾਰਡ ਕ੍ਰਮਵਾਰ 50 ਲੱਖ, 30 ਲੱਖ ਅਤੇ 20 ਲੱਖ ਰੁਪਏ ਦੀਆਂ ਤਜਵੀਜ਼ਸ਼ੁਦਾ ਵਿਕਾਸ ਗ੍ਰਾਂਟਾਂ ਲਈ ਯੋਗ ਹੋਣਗੇ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਨੂੰ ਵਾਰਡਾਂ ਵਿੱਚ ਸਿਹਤਮੰਦ ਮੁਕਾਬਲੇ ਦੇ ਨਾਲ-ਨਾਲ ਸਫਲ ਢੰਗ – ਤਰੀਕਿਆਂ ਨੂੰ

ਦੁਹਰਾਏ ਜਾਣ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਏ। ਸ਼ਹਿਰ ਦੇ ਮੇਅਰ ਸ਼੍ਰੀ ਸੌਰਭ ਜੋਸ਼ੀ ਨੇ ਕਿਹਾ ਕਿ ਸਵੱਛ ਵਾਰਡ ਰੈਂਕਿੰਗ 2026 ਦੀ ਸ਼ੁਰੂਆਤ ਸਫਾਈ ਨੂੰ ਵਾਰਡ-ਪੱਧਰੀ ਲੋਕ ਲਹਿਰ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਏ।

----------------------------------------

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਅੱਜ ਨੂਰਪੁਰ ਬੇਦੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਦੇਸ਼ ਅੱਗੇ ਵੱਧ ਰਿਹਾ ਏ ਪਰ ਜਿਵੇਂ ਕਿ ਪੰਜਾਬ ਦੇ ਲੋਕ ਵੇਖ ਰਹੇ ਨੇ ਕਿ ਪੰਜਾਬ ਸਿਆਸੀ ਕਾਰਨਾਂ ਕਰਕੇ ਪਿੱਛੇ ਰਹਿ ਰਿਹਾ ਏ। ਹਰਿਆਣਾ ਵਿੱਚ ਡਬਲ ਇੰਜਨ ਦੀ ਸਰਕਾਰ ਦਾ ਜ਼ਿਕਰ ਕਰਦਿਆਂ ਓਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਵੀ ਡਬਲ ਇੰਜਨ ਦੀ ਸਰਕਾਰ ਬਣੇਗੀ ਅਤੇ ਪੰਜਾਬ ਨੂੰ ਵਿਕਾਸ ਦੀ ਰਾਹ 'ਤੇ ਅੱਗੇ ਲਿਜਾਣ ਦਾ ਕੰਮ ਕੀਤਾ ਜਾਵੇਗਾ –

byte -

----------------------------------------

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਅੱਜ ਜਲੰਧਰ ਦੇ 50 ਪ੍ਰਮੁੱਖ ਚੌਕਾਂ

’ਤੇ ਟ੍ਰੈਫਿਕ ਸਿਗਨਲਾਂ ਦੇ ਨਵੀਨੀਕਰਨ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ। ਸ਼ਹਿਰ ਵਿੱਚ ਟ੍ਰੈਫਿਕ ਵਿਵਸਥਾ ਨੂੰ ਹੋਰ ਬਿਹਤਰ ਅਤੇ ਸੁਚਾਰੂ ਬਣਾਉਣ ਦੇ ਉਦੇਸ਼ ਨਾਲ ਕੀਤੇ ਜਾ ਰਹੇ ਇਨ੍ਹਾਂ ਕਾਰਜਾਂ ’ਤੇ ਕਰੀਬ 14 ਕਰੋੜ ਰੁਪਏ ਦੀ ਲਾਗਤ ਆਵੇਗੀ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਸ਼ਹਿਰ ਵਿੱਚ ਵਧ ਰਹੇ ਟ੍ਰੈਫਿਕ ਦੇ ਦਬਾਅ ਦੇ ਮੱਦੇਨਜ਼ਰ ਟ੍ਰੈਫਿਕ ਸਿਗਨਲ ਪ੍ਰਣਾਲੀ ਨੂੰ ਆਧੁਨਿਕ ਅਤੇ ਪ੍ਰਭਾਵਸ਼ਾਲੀ ਬਣਾਉਣਾ ਬੇਹੱਦ ਜ਼ਰੂਰੀ ਏ। ਨਵੀਨੀਕਰਨ ਤੋਂ ਬਾਅਦ ਇਨ੍ਹਾਂ ਚੌਕਾਂ ’ਤੇ ਟ੍ਰੈਫਿਕ ਨੂੰ ਹੋਰ ਬਿਹਤਰ ਢੰਗ ਨਾਲ ਕੰਟਰੋਲ ਕਰਨ ਵਿੱਚ ਮਦਦ ਮਿਲੇਗੀ। ਸ਼੍ਰੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਏ।

------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਗੁਪਤ ਸੂਚਨਾ 'ਤੇ ਕਾਰਵਾਈ ਕਰਦਿਆਂ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਇੱਕ ਗੈਰ-ਕਾਨੂੰਨੀ ਹਥਿਆਰ ਸਪਲਾਈ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਅੱਠ ਗੈਰ-ਕਾਨੂੰਨੀ point 30 ਬੋਰ ਪਿਸਤੌਲਾਂ ਦੇ ਨਾਲ-

ਨਾਲ 103 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ. ਇਸ ਬਾਰੇ ਜਾਣਕਾਰੀ ਦਿੰਦਿਆਂ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਕਰ ਲਈ ਗਈ ਏ. ਓਹਨਾਂ ਇਹ ਵੀ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਮੁਲਜ਼ਮ ਕਥਿਤ ਤੌਰ 'ਤੇ ਸੋਸ਼ਲ ਮੀਡੀਆ ਐਪਲੀਕੇਸ਼ਨਾਂ ਰਾਹੀਂ ਵਿਦੇਸ਼ੀ ਤਸਕਰਾਂ ਦੇ ਸੰਪਰਕ ਵਿੱਚ ਸਨ। ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਸੂਬੇ ਵਿੱਚ ਅਪਰਾਧਿਕ ਤੱਤਾਂ ਨੂੰ ਗੈਰ-ਕਾਨੂੰਨੀ ਵਿਦੇਸ਼ੀ ਹਥਿਆਰਾਂ ਦੀਆਂ ਖੇਪਾਂ ਪ੍ਰਾਪਤ ਅਤੇ ਸਪਲਾਈ ਕਰ ਰਹੇ ਸਨ. ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਹੋਰ ਜਾਂਚ ਕੀਤੀ ਜਾ ਰਹੀ ਏ .

---------------------------------------------

ਅੰਮ੍ਰਿਤਸਰ ਬਾਰਡਰ ਰੇਂਜ ਦੇ ਆਈਜੀ, ਗੁਰਪ੍ਰੀਤ ਸਿੰਘ ਭੁੱਲਰ ਨੇ ਅੱਜ ਆਪਣਾ ਅਹੁਦਾ ਸੰਭਾਲ ਲਿਆ ਏ । ਅਹੁਦਾ ਸੰਭਾਲਣ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਆਈਜੀ ਭੁੱਲਰ ਨੇ ਬਾਰਡਰ ਰੇਂਜ ਵਿੱਚ ਨਸ਼ਿਆਂ, ਸੰਗਠਿਤ ਅਪਰਾਧ ਅਤੇ ਦਹਿਸ਼ਤਗਰਦੀ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਗੱਲ ਕਹੀ। ਉਨ੍ਹਾਂ ਕਿਹਾ ਨਸ਼ਿਆਂ ਦੇ ਕਾਰੋਬਾਰ ਅਤੇ ਸੰਗਠਿਤ ਅਪਰਾਧ ‘ਤੇ ਕਾਬੂ ਪਾਉਣਾ ਪੁਲਿਸ ਦੀਆਂ ਮੁੱਖ

ਤਰਜੀਹਾਂ ਵਿੱਚ ਰਹੇਗਾ। ਆਈਜੀ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਬਾਰਡਰ ਰੇਂਜ ਇੱਕ ਬੇਹਦ ਸੰਵੇਦਨਸ਼ੀਲ ਇਲਾਕਾ ਏ, ਕਿਉਂਕਿ ਇਸ ਦਾ ਪਾਕਿਸਤਾਨ ਨਾਲ ਲੱਗਦਾ ਲੰਮਾ ਸਰਹੱਦੀ ਖੇਤਰ ਏ । ਇਸ ਤੋਂ ਇਲਾਵਾ ਦਰਿਆਈ ਬੈਲਟਾਂ ਅਤੇ ਜੰਮੂ-ਕਸ਼ਮੀਰ ਤੇ ਹਿਮਾਚਲ ਪ੍ਰਦੇਸ਼ ਨਾਲ ਲੱਗਦੇ ਇਲਾਕਿਆਂ ਵਿੱਚ ਵੀ ਸੁਰੱਖਿਆ ਨੂੰ ਲੈ ਕੇ ਪੂਰੀ ਆਪ੍ਰੇਸ਼ਨਲ ਤਿਆਰੀ ਰੱਖੀ ਜਾਵੇਗੀ।

------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ਼੍ਰੀ ਕੁਲਤਾਰ ਸਿੰਘ ਸੰਧਵਾਂ ਨੇ ਸੂਬੇ ਵਿੱਚ ਉਸਾਰੇ ਜਾ ਰਹੇ 3100 ਖੇਡ ਮੈਦਾਨਾਂ ਦੇ ਦੂਜੇ ਗੇੜ੍ਹ ਅਧੀਨ ਨੌਜਵਾਨਾਂ ਨੂੰ ਖੇਡਾਂ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪਿੰਡ ਵਾੜਾ ਦਰਾਕਾ ਅਤੇ ਪਿੰਡ ਢਿੱਡੇ ਕਲਾ ਵਿਖੇ ਵਿੱਚ ਨਵੇਂ ਬਣਾਏ ਗਏ 'ਮੁੱਖ ਮੰਤਰੀ ਖੇਡ ਮੈਦਾਨ' ਦਾ ਉਦਘਾਟਨ ਕੀਤਾ।

------------------------------------------------------------

ਔਰਤਾਂ ਦੇ ਕ੍ਰਿਕੇਟ ਵਿੱਚ, ਅੱਜ ਭਾਰਤ ਦਾ ਮੁਕਾਬਲਾ twenty-twenty ਏਸ਼ੀਆ ਕੱਪ ਦੇ ਆਪਣੇ ਦੂਜੇ ਗਰੁੱਪ-'ਏ' ਮੈਚ ਵਿੱਚ, ਹਾਂਗਕਾਂਗ ਨਾਲ ਹੋਵੇਗਾ। ਇਹ ਮੈਚ ਸੰਯੁਕਤ ਅਰਬ ਅਮੀਰਾਤ

ਦੇ ਦੁਬਈ ਅੰਤਰ-ਰਾਸ਼ਟਰੀ ਸਟੇਡੀਅਮ ਵਿੱਚ ਭਾਰਤੀ ਸਮੇਂ ਅਨੁਸਾਰ, ਰਾਤ 8 ਵਜੇ ਸ਼ੁਰੂ ਹੋਵੇਗਾ।

---

- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ੍ਰੀ ਗੁਲਾਬ ਚੰਦ ਕਟਾਰੀਆ ਵਲੋਂ ਅੱਜ ਨਗਰ ਨਿਗਮ ਚੰਡੀਗੜ੍ਹ ਦੀ "ਸਵੱਛ ਵਾਰਡ ਰੈਂਕਿੰਗ 2026" ਪਹਿਲਕਦਮੀ ਦੀ ਸ਼ੁਰੂਆਤ ।
- ਸੂਬੇ ਦੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦਾ ਕਹਿਣਾ ਏ ਕਿ ਬਾਲ ਵਿਆਹ ਨੂੰ ਰੋਕਣਾ ਕੇਵਲ ਸਰਕਾਰ ਦੀ ਹੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਏ । ਕਿਹਾ, ਬੱਚਿਆਂ ਦੇ ਅਧਿਕਾਰਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ.
- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਕਹਿਣਾ ਏ ਕਿ ਪੰਜਾਬ ਸਿਆਸੀ ਕਾਰਨਾਂ ਕਰਕੇ ਪਛੜ ਗਿਆ ਏ ਤੇ ਆਉਣ ਵਾਲੇ ਸਮੇਂ ‘ਚ ਪੰਜਾਬ ‘ਨੂੰ ਵੀ ਭਾਜਪਾ ਸਰਕਾਰ ਤਹਿਤ ਮਜ਼ਬੂਤ ਬਣਾਇਆ ਜਾਏਗਾ.

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ ਵਿਅਕਤੀਆਂ ਨੂੰ ਹਥਿਆਰ ਤੇ ਗੋਲੀ ਸਿੱਕੇ ਸਮੇਤ ਗ੍ਰਿਫ਼ਤਾਰ ਕਰਕੇ ਇੱਕ ਗੈਰ-ਕਾਨੂੰਨੀ ਹਥਿਆਰ ਸਪਲਾਈ ਨੈੱਟਵਰਕ ਦਾ ਪਰਦਾਫਾਸ਼ ਕੀਤਾ.
- ਔਰਤਾਂ ਦੇ ਕ੍ਰਿਕੇਟ ਵਿੱਚ, ਅੱਜ ਭਾਰਤ ਦਾ ਮੁਕਾਬਲਾ twenty-twenty ਏਸ਼ੀਆ ਕੱਪ ਦੇ ਆਪਣੇ ਦੂਜੇ ਗਰੁੱਪ-'ਏ' ਮੈਚ ਵਿੱਚ, ਹਾਂਗਕਾਂਗ ਨਾਲ ਹੋਵੇਗਾ।

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ .ਨਮਸ੍ਕਾਰ**